**ਪ੍ਰੈਸ ਨੋਟ**

(ਫਿਰੋਜ਼ਪੁਰ ਪੁਲਿਸ)

**ਜਿਲ੍ਹਾ ਫਿਰੋਜ਼ਪੁਰ ਪੁਲਿਸ ਵੱਲੋ ਨਸ਼ਾ ਤਸਕਰਾਂ ਵਿਰੁੱਧ ਜਾਰੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਿਲ ਕਰਦਿਆਂ 02 ਦੋਸ਼ੀਆ ਨੂੰ ਕਾਬੂ ਕਰਕੇ ਉਨ੍ਹਾਂ ਪਾਸੋ 01 ਕਿੱਲੋ 500 ਗ੍ਰਾਮ ਹੈਰੋਇਨ ਅਤੇ 01 ਕਾਰ ਸਵਿਫਟ ਬਰਾਮਦ ਕੀਤੀ।**

**ਫਿਰੋਜ਼ਪੁਰ: 02 ਮਾਰਚ 2024**

**ਸ਼੍ਰੀ ਸੋਮਿਆ ਮਿਸ਼ਰਾ, ਐੱਸ.ਐੱਸ.ਪੀ. ਫਿਰੋਜ਼ਪੁਰ ਜੀ ਵੱਲੋਂ** ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਅਤੇ ਸ਼ਰਾਰਤੀ ਅਨਸਰਾਂ ਦੀਆਂ ਵਾਰਦਾਤਾਂ ਨੂੰ ਪੂਰੀ ਤਰ੍ਹਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਸੰਬਧੀ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ।

ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਸ਼੍ਰੀ ਬਲਕਾਰ ਸਿੰਘ ਪੀ.ਪੀ.ਐਸ., ਡੀ.ਐਸ.ਪੀ.(ਡੀ) ਫਿਰੋਜ਼ਪੁਰ ਦੀ ਨਿਗਰਾਨੀ ਅਤੇ ਇੰਸਪੈਕਟਰ ਪ੍ਰਭਜੀਤ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਫਿਰੋਜ਼ਪੁਰ ਦੀ ਅਗਵਾਈ ਵਿੱਚ ਐੱਸ.ਆਈ. ਸੁਖਦੇਵ ਸਿੰਘ ਸੀ.ਆਈ.ਏ. ਸਟਾਫ ਫਿਰੋਜ਼ਪੁਰ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾ ਅਤੇ ਸ਼ੱਕੀ ਵਹੀਕਲਾਂ ਦੇ ਸਬੰਧ ਵਿੱਚ ਬੱਸ ਅੱਡਾ ਸ਼ੇਰਖਾਂ ਪਾਸ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਹੀਰਾ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਕਮਾਲਾ ਮਿੱਡੂ ਥਾਣਾ ਮੱਲਾਂਵਾਲਾ ਅਤੇ ਅਨਮੋਲਪ੍ਰੀਤ ਸਿੰਘ ਉਰਫ ਮੋਲਾ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਦੂਲਾ ਸਿੰਘ ਵਾਲਾ ਥਾਣਾ ਮੱਲਾਂਵਾਲਾ ਆਪਸ ਵਿੱਚ ਮਿਲ ਕੇ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ। ਅੱਜ ਵੀ ਹੀਰਾ ਸਿੰਘ ਅਤੇ ਅਨਮੋਲਪ੍ਰੀਤ ਸਿੰਘ ਉਰਫ ਮੋਲਾ ਕਾਰ ਸਵਿੱਫਟ ਰੰਗ ਚਿੱਟਾ ਨੰਬਰੀ PB-05AR-1927 ਪਰ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਲੈ ਕੇ ਜੀਰਾ ਦੀ ਤਰਫੋ ਇਸੇ ਰੋਡ ਫਿਰੋਜ਼ਪੁਰ ਸ਼ਹਿਰ ਵੱਲ ਨੂੰ ਆ ਰਹੇ ਹਨ। ਜੋ ਨਾਕਾਬੰਦੀ ਦੌਰਾਨ ਕਾਬੂ ਆ ਸਕਦੇ ਹਨ। ਜਿਸ ਤੇ ਮੁਸਮੀ ਹੀਰਾ ਸਿੰਘ ਅਤੇ ਅਨਮੋਲਪ੍ਰੀਤ ਸਿੰਘ ਉਰਫ ਮੋਲਾ ਦੇ ਖਿਲਾਫ ਮੁਕੱਦਮਾ ਨੰ: **16 ਮਿਤੀ 01-03-2024 ਅ/ਧ 21/61/85** ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਕੁੱਲਗੜੀ ਵਿੱਚ ਦਰਜ ਰਜਿਸਟਰ ਕੀਤਾ ਗਿਆ। ਐਸ.ਆਈ ਸੁਖਦੇਵ ਸਿੰਘ ਸੀ.ਆਈ.ਏ ਸਟਾਫ ਵੱਲੋ ਸਮੇਤ ਪੁਲਿਸ ਪਾਰਟੀ **ਬਾ-ਹੱਦ ਰਕਬਾ ਬੱਸ ਅੱਡਾ ਪਿੰਡ ਸ਼ੇਰਖਾਂ ਤੋਂ** ਮੁਸਮੀ ਹੀਰਾ ਸਿੰਘ ਨੂੰ

01 ਕਿੱਲ 450 ਗ੍ਰਾਮ ਅਤੇ ਅਨਮੋਲਪ੍ਰੀਤ ਸਿੰਘ ਉਰਫ ਮੋਲਾ ਨੂੰ 50 ਗ੍ਰਾਮ ਹੈਰੋਇਨ ਅਤੇ 01 ਕਾਰ ਸਵਿਫਟ ਸਮੇਤ ਕਾਬੂ ਕੀਤਾ ਗਿਆ।ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਜਾਵੇਗਾ। ਪੁੱਛਗਿੱਛ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

**ਮੁਕੱਦਮਾ ਨੰ: 16 ਮਿਤੀ 01-03-2024 ਅ/ਧ 21/61/85 ਐਨ.ਡੀ.ਪੀ.ਐਸ, ਤਹਿਤ ਥਾਣਾ ਸਦਰ ਫਿਰੋਜ਼ਪੁਰ**

**ਬਨਾਮ:-**

1. ਹੀਰਾ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਪਿੰਡ ਕਮਾਲਾ ਮਿੱਡੂ ਥਾਣਾ ਮੱਲਾਂਵਾਲਾ
2. ਅਨਮੋਲਪ੍ਰੀਤ ਸਿੰਘ ਉਰਫ ਮੋਲਾ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਦੂੱਲਾ ਸਿੰਘ ਵਾਲਾ ਥਾਣਾ ਮੱਲਾਂਵਾਲਾ

**ਬ੍ਰਾਮਦਗੀ : 01 ਕਿੱਲੋ 500 ਗ੍ਰਾਮ ਹੈਰੋਇਨ ਅਤੇ 01 ਕਾਰ ਸਵਿਫਟ**

**ਵਕੂਆ ਦੀ ਮਿਤੀ ਅਤੇ ਸਥਾਨ**- ਮਿਤੀ 01-03-2024, ਬੱਸ ਅੱਡਾ ਪਿੰਡ ਸ਼ੇਰਖਾਂ

**ਪੜਤਾਲ ਰਿਕਾਰਡ ਹੀਰਾ ਉਕਤ ਦੇ ਖਿਲਾਫ ਪੜਤਾਲ ਰਿਕਾਰਡ ਕਰਨ ਤੇ ਹੇਠ ਲਿਖੇ ਮੁਕੱਦਮੇ ਦਰਜ ਹੋਣੇ ਤਸਦੀਕ ਹੋਏ ਹਨ:-**

**ਹੀਰਾ ਸਿੰਘ:-**

**ਮੁਕੱਦਮਾ ਨੰ:** 329 ਮਿਤੀ 09-11-2017 ਅ/ਧ 21/61/85 ਐੱਨ.ਡੀ.ਪੀ.ਐੱਸ. ਐਕਟ ਤਹਿਤ ਥਾਣਾ ਸਦਰ ਫਿਰੋਜ਼ਪੁਰ